# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ: 02-05-2025**

WAVES ਸੰਮੇਲਨ 2025 ਦੇ ਹਿੱਸੇ ਵਜੋਂ ਗਲੋਬਲ ਮੀਡੀਆ ਡਾਇਲਾਗ ਅੱਜ ਸਵੇਰੇ ਮੁੰਬਈ ਦੇ ਜੀਓ ਵਰਲਡ ਕਨਵੈਨਸ਼ਨ ਸੈਂਟਰ ਵਿਖੇ ਸ਼ੁਰੂ ਹੋਇਆ। ਇਹ ਸਮਾਗਮ ਦੇਸ਼ ਦੇ ਗਲੋਬਲ ਮੀਡੀਆ ਤੇ ਮਨੋਰੰਜਨ ਨਾਲ ਜੁੜਨ ਵਿਚ ਇਕ ਮਹੱਤਵਪੂਰਨ ਮੀਲ ਪੱਥਰ ਏ। ਕੱਲ੍ਹ ਸ਼ੁਰੂ ਹੋਏ ਚਾਰ ਦਿਨਾਂ WAVES ਸੰਮੇਲਨ ਦਾ ਉਦਘਾਟਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕੀਤਾ ਸੀ। ਗਲੋਬਲ ਮੀਡੀਆ ਡਾਇਲਾਗ ਦਾ ਆਯੋਜਨ ਸੂਚਨਾ ਤੇ ਪ੍ਰਸਾਰਣ ਮੰਤਰਾਲੇ ਦੁਆਰਾ ਵਿਦੇਸ਼ ਮੰਤਰਾਲੇ ਦੇ ਸਹਿਯੋਗ ਨਾਲ ਕੀਤਾ ਜਾ ਰਿਹਾ ਏ। ਉਦਘਾਟਨ ਸੈਸ਼ਨ ਵਿਚ ਬੋਲਦੇ ਹੋਏ ਵਿਦੇਸ਼ ਮੰਤਰੀ ਡਾ. ਐਸ. ਜੈਸ਼ੰਕਰ ਨੇ ਕਿਹਾ, ਕਿ ਤਕਨਾਲੋਜੀ ਤੇ ਪਰੰਪਰਾ ਨੂੰ ਨਾਲ-ਨਾਲ ਚੱਲਣਾ ਚਾਹੀਦਾ ਏ। ਉਨ੍ਹਾਂ ਕਿਹਾ ਕਿ ਤਕਨਾਲੋਜੀ ਇਕ ਵਿਸ਼ਾਲ ਵਿਰਾਸਤ ਪ੍ਰਤੀ ਜਾਗਰੂਕਤਾ ਨੂੰ

ਮਜ਼ਬੂਤ ਕਰ ਸਕਦੀ ਏ ਤੇ ਚੇਤਨਾ ਨੂੰ ਡੂੰਘਾ ਕਰ ਸਕਦੀ ਏ। ਇਸ ਮੌਕੇ ਸੂਚਨਾ ਤੇ ਪ੍ਰਸਾਰਣ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ ਕਿ ਵਿਸ਼ਵ ਪੱਧਰ 'ਤੇ, ਮੀਡੀਆ ਤੇ ਮਨੋਰੰਜਨ ਉਦਯੋਗ ਦੀ ਕੀਮਤ ਲਗਭਗ ਤਿੰਨ ਟ੍ਰਿਲੀਅਨ ਅਮਰੀਕੀ ਡਾਲਰ ਏ। ਉਨ੍ਹਾਂ ਹਰ ਕਿਸੇ ਨੂੰ ਆਪਣੀ ਕਹਾਣੀ ਦੁਨੀਆ ਨੂੰ ਦਿਖਾਉਣ ਤੇ ਸਥਾਨਕ ਸਮੱਗਰੀ ਦੇ ਪ੍ਰਚਾਰ ਨੂੰ ਉਤਸ਼ਾਹਿਤ ਕਰਨ ਲਈ ਇਕ ਨਿਰਪੱਖ ਮੌਕਾ ਪ੍ਰਦਾਨ ਕਰਨ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਸ਼੍ਰੀ ਵੈਸ਼ਨਵ ਨੇ ਕਿਹਾ, ਸੱਭਿਆਚਾਰ ਰਚਨਾਤਮਕਤਾ ਨੂੰ ਪ੍ਰੇਰਿਤ ਕਰਦਾ ਏ ਤੇ ਇਹ ਸਰਹੱਦਾਂ ਤੋਂ ਪਾਰ ਲੋਕਾਂ ਨੂੰ ਜੋੜਦਾ ਏ।

-----------------------------------------------------------

ਪੰਜਾਬ ਸਰਕਾਰ ਨੇ ਹਰਿਆਣਾ ਨੂੰ ਪਾਣੀ ਦੇਣ ਦੇ ਮੁੱਦੇ 'ਤੇ ਚਰਚਾ ਕਰਨ ਲਈ ਇਸ ਮਹੀਨੇ ਦੀ 5 ਤਰੀਕ ਨੂੰ ਵਿਧਾਨ ਸਭਾ ਦਾ ਵਿਸ਼ੇਸ਼ ਇਜਲਾਸ ਬੁਲਾਉਣ ਦਾ ਫੈਸਲਾ ਕੀਤਾ ਏ। ਇਕ ਬਿਆਨ ਵਿਚ ਕਿਹਾ ਗਿਆ ਏ ਕਿ ਸੂਬਾ ਸਰਕਾਰ ਇਸ ਵਿਸ਼ੇਸ਼ ਇਜਲਾਸ ਵਿੱਚ ਪਾਣੀ ਦੇ ਮੁੱਦੇ 'ਤੇ ਇਕ ਵਿਸ਼ੇਸ਼ ਮਤਾ ਲਿਆਏਗੀ। ਇਸੇ ਦੌਰਾਨ ਮੁੱਖ ਮੰਤਰੀ

ਭਗਵੰਤ ਸਿੰਘ ਮਾਨ ਵੱਲੋਂ ਇਸ ਮੁੱਦੇ 'ਤੇ ਚਰਚਾ ਕਰਨ ਲਈ ਬੁਲਾਈ ਗਈ ਇੱਕ ਸਰਬ ਪਾਰਟੀ ਮੀਟਿੰਗ ਚੰਡੀਗੜ੍ਹ ਵਿੱਚ ਹੋਈ ,ਜਿਸ ਵਿੱਚ ਭਾਜਪਾ, ਕਾਂਗਰਸ, ਸ਼੍ਰੋਮਣੀ ਅਕਾਲੀ ਦਲ ਤੇ ਬਸਪਾ ਦੇ ਸੀਨੀਅਰ ਆਗੂ ਤੇ 'ਆਪ' ਆਗੂ ਸ਼ਾਮਲ ਹੋਏ ।

------------------------------------------------------------

ਕੇਂਦਰ ਨੇ 4 ਮਈ ਨੂੰ ਹੋਣ ਵਾਲੀ ਕਿਸਾਨ ਯੂਨੀਅਨਾਂ ਨਾਲ ਮੀਟਿੰਗ ਇਹ ਕਹਿੰਦੇ ਹੋਏ ਮੁਲਤਵੀ ਕਰ ਦਿੱਤੀ ਏ ਕਿ ਰਾਜ ਸਰਕਾਰ ਦੇ ਪ੍ਰਤੀਨਿਧੀਆਂ ਤੋਂ ਬਿਨਾਂ ਬੈਠਕ ਕਰਨਾ ਅਣਉਚਿਤ ਹੋਵੇਗਾ। ਕੇਂਦਰੀ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰਾਲੇ ਦੇ ਸੰਯੁਕਤ ਸਕੱਤਰ ਪੂਰਨ ਚੰਦਰ ਕਿਸ਼ਨ ਨੇ ਕਿਸਾਨ ਯੂਨੀਅਨਾਂ ਨੂੰ ਲਿਖੇ ਇਕ ਪੱਤਰ ਵਿਚ ਕਿਹਾ ਏ ਕਿ ਸੰਯੁਕਤ ਕਿਸਾਨ ਮੋਰਚਾ (ਗੈਰ-ਰਾਜਨੀਤਿਕ) ਤੇ ਕਿਸਾਨ ਮਜ਼ਦੂਰ ਮੋਰਚਾ ਇਹਨਾਂ ਦੋਵਾਂ ਦੀ ਮੰਗ ਅਨੁਸਾਰ ਪੰਜਾਬ ਸਰਕਾਰ ਦੇ ਪ੍ਰਤੀਨਿਧੀਆਂ ਨੂੰ ਸ਼ਾਮਲ ਨਾ ਕਰਨਾ ਅਣਉਚਿਤ ਹੋਵੇਗਾ। ਕੇਂਦਰ ਨੇ ਦੋਵਾਂ ਜਥੇਬੰਦੀਆਂ ਦੇ ਆਗੂਆਂ ਨੂੰ ਆਪਣੀ ਮੰਗ 'ਤੇ ਮੁੜ ਵਿਚਾਰ ਕਰਨ ਲਈ ਕਿਹਾ ਏ। ਇਸ ਦੇ ਨਾਲ ਹੀ ਇਹ ਵੀ ਕਿਹਾ ਏ ਕਿ ਮੀਟਿੰਗ

ਦੀ ਅਗਲੀ ਤਰੀਕ ਦੋਵਾਂ ਜਥੇਬੰਦੀਆਂ ਤੋਂ ਜਾਣਕਾਰੀ ਪ੍ਰਾਪਤ ਕਰਨ ਤੋਂ ਬਾਅਦ ਤੈਅ ਕੀਤੀ ਜਾਵੇਗੀ।

-----------------------------------------------------------

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦੱਸਿਆ ਏ ਕਿ ਭਾਰਤ ਦੇ ਚੋਣ ਕਮਿਸ਼ਨ ਨੇ ਵੋਟਰ ਸੂਚੀਆਂ ਦੀ ਸ਼ੁੱਧਤਾ ਨੂੰ ਬਿਹਤਰ ਬਣਾਉਣ ਤੇ ਨਾਗਰਿਕਾਂ ਲਈ ਵੋਟਿੰਗ ਪ੍ਰਕਿਰਿਆ ਨੂੰ ਵਧੇਰੇ ਸੁਵਿਧਾਜਨਕ ਬਣਾਉਣ ਦੇ ਉਦੇਸ਼ ਨਾਲ ਨਵੀਆਂ ਪਹਿਲਕਦਮੀਆਂ ਸ਼ੁਰੂ ਕੀਤੀਆਂ ਨੇ। ਵੋਟਰ ਜਾਣਕਾਰੀ ਸਲਿੱਪਾਂ ਨੂੰ ਵਧੇਰੇ ਵੋਟਰ-ਅਨੁਕੂਲ ਬਣਾਉਣ ਲਈ ਕਮਿਸ਼ਨ ਨੇ ਇਸ ਦੇ ਡਿਜ਼ਾਈਨ ਨੂੰ ਸੋਧਣ ਦਾ ਵੀ ਫੈਸਲਾ ਕੀਤਾ ਏ। ਵੋਟਰ ਦਾ ਸੀਰੀਅਲ ਨੰਬਰ ਤੇ ਭਾਗ ਨੰਬਰ ਹੁਣ ਵਧੇਰੇ ਪ੍ਰਮੁੱਖਤਾ ਨਾਲ ਪ੍ਰਦਰਸ਼ਿਤ ਕੀਤਾ ਜਾਵੇਗਾ, ਫੌਂਟ ਆਕਾਰ ਵਧਾਇਆ ਜਾਵੇਗਾ, ਜਿਸ ਨਾਲ ਵੋਟਰਾਂ ਲਈ ਆਪਣੇ ਪੋਲਿੰਗ ਸਟੇਸ਼ਨ ਦੀ ਪਛਾਣ ਕਰਨਾ ਤੇ ਪੋਲਿੰਗ ਅਧਿਕਾਰੀਆਂ ਲਈ ਵੋਟਰ ਸੂਚੀ ਵਿਚ ਆਪਣੇ ਨਾਮ ਕੁਸ਼ਲਤਾ ਨਾਲ ਲੱਭਣਾ ਆਸਾਨ ਹੋ ਜਾਵੇਗਾ।

---------------------------------------------------------

ਪੰਜਾਬ ਪੁਲਿਸ ਨੇ ਪਾਕਿਸਤਾਨ-ਅਧਾਰਤ ਗੈਰ-ਕਾਨੂੰਨੀ ਹਥਿਆਰਾਂ ਦੀ ਤਸਕਰੀ ਵਿੱਚ ਲੋੜੀਂਦੇ ਫਰਾਰ ਮੁਲਜ਼ਮ ਜੋਧਬੀਰ ਸਿੰਘ ਉਰਫ਼ ਜੋਧਾ ਦੀ ਲਗਾਤਾਰ ਭਾਲ ਦੇ ਨਤੀਜੇ ਵਜੋਂ ਅੰਮ੍ਰਿਤਸਰ ਵਿਚ ਉਸ ਦੇ ਕਿਰਾਏ ਦੇ ਟਿਕਾਣੇ ਤੋਂ 5 ਕਿਲੋ ਹੈਰੋਇਨ ਬਰਾਮਦ ਕੀਤੀ ਏ । ਇਹ ਸਫਲਤਾ ਕਾਊਂਟਰ ਇੰਟੈਲੀਜੈਂਸ ਅੰਮ੍ਰਿਤਸਰ ਵਲੋਂ ਜੋਧਬੀਰ ਦੇ ਸਾਥੀ ਅਭਿਸ਼ੇਕ ਕੁਮਾਰ ਵਾਸੀ ਪਿੰਡ ਮੀਰਾਂਕੋਟ ਕਲਾਂ ਅੰਮ੍ਰਿਤਸਰ ਨੂੰ ਗ੍ਰਿਫ਼ਤਾਰ ਕਰਨ ਤੋਂ ਚਾਰ ਦਿਨ ਬਾਅਦ ਹਾਸਲ ਹੋਈ ਏ । ਪੁਲਿਸ  ਨੇ ਉਸ ਦੇ ਕਬਜ਼ੇ ਵਿਚੋਂ ਸੱਤ ਪਿਸਤੌਲ ਤੇ 1.5 ਲੱਖ ਰੁਪਏ ਬਰਾਮਦ ਕਰਨ ਤੋਂ ਇਲਾਵਾ ਹਥਿਆਰਾਂ ਦੀ ਤਸਕਰੀ ਲਈ ਵਰਤੀ ਜਾ ਰਹੀ ਇਕ ਗੱਡੀ ਨੂੰ ਵੀ ਜ਼ਬਤ ਕੀਤਾ ਸੀ। ਇਸ ਬਾਰੇ ਪੁਲਿਸ ਮੁਖੀ ਡੀ.ਜੀ.ਪੀ. ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਏ ਕਿ ਆਸਟ੍ਰੇਲੀਆ ਸਥਿਤ ਹੈਂਡਲਰ ਜੱਸਾ ਤੇ ਉਸ ਦੇ ਸਾਥੀ, ਜਿਨ੍ਹਾਂ ਦੇ ਪਾਕਿਸਤਾਨ ਅਧਾਰਤ ਤਸਕਰਾਂ ਨਾਲ ਸਬੰਧ ਨੇ, ਮੁਲਜ਼ਮ ਜੋਧਬੀਰ ਨੂੰ ਹੈਰੋਇਨ ਦੀ ਖੇਪ ਪ੍ਰਾਪਤ ਕਰਨ ਤੇ ਇਸ ਨੂੰ ਅੱਗੇ ਵੱਖ-ਵੱਖ ਥਾਵਾਂ 'ਤੇ ਡਿਲੀਵਰ ਕਰਨ ਦੇ

ਨਿਰਦੇਸ਼ ਦੇ ਰਹੇ ਸਨ। ਉਨ੍ਹਾਂ ਕਿਹਾ ਕਿ ਹੋਰ ਖੁਫੀਆ ਜਾਣਕਾਰੀ ਤੋਂ ਇਹ ਵੀ ਪਤਾ ਲੱਗਾ ਏ ਕਿ ਦੋਸ਼ੀ ਜੋਧਬੀਰ ਸਿੰਘ ਨਸ਼ੀਲੇ ਪਦਾਰਥਾਂ ਦੇ ਪੈਸੇ ਇਕੱਠੇ ਕਰਕੇ ਹਵਾਲਾ ਰਾਹੀਂ ਪਾਕਿਸਤਾਨ ਭੇਜਦਾ ਏ।

-----------------------------------------------------

ਸੂਬੇ ਦੇ ਕਈ ਹਿੱਸਿਆਂ ਵਿਚ ਬੀਤੀ ਰਾਤ ਤੇਜ਼ ਹਵਾਵਾਂ ਤੇ ਧੂੜ ਭਰੀ ਹਨੇਰੀ ਚੱਲਣ ਤੋਂ ਬਾਅਦ ਮੀਹ ਪੈਣ ਨਾਲ ਮੌਸਮ ਖੁਸ਼ਗਵਾਰ ਹੋ ਗਿਆ ਏ । ਜਲੰਧਰ, ਪਟਿਆਲਾ, ਮੋਹਾਲੀ, ਰੋਪੜ, ਫਤਹਿਗੜ੍ਹ ਸਾਹਿਬ,ਅੰਮ੍ਰਿਤਸਰ, ਗੁਰਦਾਸਪੁਰ ਤੇ ਪਠਾਨਕੋਟ ਸਮੇਤ ਕੁਝ ਹੋਰ ਥਾਵਾਂ ਤੇ ਵੀ ਮੀਂਹ ਪੈਣ ਕਾਰਨ ਤਾਪਮਾਨ ਵਿਚ ਗਿਰਾਵਟ ਦੇਖੀ ਗਈ ਏ । ਹਾਲਾਂਕਿ ਮੀਂਹ ਹਨੇਰੀ ਕਾਰਨ ਕਿਸਾਨਾਂ ਦੀਆਂ ਫਸਲਾਂ ਦਾ ਨੁਕਸਾਨ ਹੋਇਆ ਏ। ਕਈ ਥਾਵਾਂ ਤੇ ਦਰਖ਼ਤ ਡਿਗ ਕਾਰਣ ਬਿਜਲੀ ਸਪਲਾਈ ਪ੍ਰਭਾਵਿਤ ਹੋਣ ਦੀ ਵੀ ਖ਼ਬਰ ਏ। ਮੌਸਮ ਵਿਭਾਗ ਨੇ ਆਉਣ ਵਾਲੇ ਦਿਨਾਂ ਵਿੱਚ ਪੰਜਾਬ ਦੇ ਕਈ ਜ਼ਿਲ੍ਹਿਆਂ ਵਿਚ ਗੰਭੀਰ ਮੌਸਮ ਦੀ ਸਥਿਤੀ ਬਾਰੇ ਅਲਰਟ ਜਾਰੀ ਕੀਤਾ ਏ । 5 ਮਈ ਤੱਕ ਤੇਜ਼ ਹਵਾਵਾਂ, ਗਰਜ, ਬਿਜਲੀ ਚਮਕਣ ਤੇ ਧੂੜ ਭਰੇ ਤੂਫ਼ਾਨ ਦੀ ਸੰਭਾਵਨਾ ਏ

। ਇਸ ਦੇ ਨਾਲ ਹੀ ਮੌਸਮ ਵਿਭਾਗ ਨੇ ਅਗਲੇ ਕੁਝ ਦਿਨਾਂ ਦੌਰਾਨ ਪਟਿਆਲਾ, ਮੋਹਾਲੀ, ਤਰਨ ਤਾਰਨ, ਅੰਮ੍ਰਿਤਸਰ, ਗੁਰਦਾਸਪੁਰ ਤੇ ਪਠਾਨਕੋਟ ਜ਼ਿਲ੍ਹਿਆਂ ਵਿੱਚ ਤੇਜ਼ ਝੱਖੜ ਵਰਗੀ ਸਥਿਤੀ ਦੀ ਭਵਿੱਖਬਾਣੀ ਕੀਤੀ ਏ , ਜਿਸ ਵਿਚ ਹਵਾ ਦੀ ਗਤੀ 80 ਕਿਲੋਮੀਟਰ ਪ੍ਰਤੀ ਘੰਟਾ ਤੋਂ ਵੱਧ ਹੋ ਸਕਦੀ ਏ । ਰਾਜ ਦਾ ਔਸਤ ਵੱਧ ਤੋਂ ਵੱਧ ਤਾਪਮਾਨ ਆਮ ਨਾਲੋਂ 0.2 ਡਿਗਰੀ ਸੈਲਸੀਅਸ ਘੱਟ ਦਰਜ ਕੀਤਾ ਗਿਆ। ਬਠਿੰਡਾ ਵਿਚ ਸਭ ਤੋਂ ਵੱਧ ਤਾਪਮਾਨ 41.2 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ ।